## ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ(ਸੈਕੰਡਰੀ), ਪੰਜਾਬ

**ਮੀਮੋ ਨੰ: Transfer Cell/2026/322388/2630** **ਮਿਤੀ:** 19.05.2026

**ਜਨਤਕ ਸੂਚਨਾ**

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ 5/3-ICT-2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020–2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਵੀ ਲਾਗੂ ਹੋਣਗੀਆਂ।

3.0 ਸਾਲ 2026 ਦੀਆਂ ਆਮ ਬਦਲੀਆਂ ਲਈ ਜੋ ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹਨਾਂ ਨੂੰ ਆਪਣੇ ਵੇਰਵੇ ਜਿਵੇਂ ਕਿ General Details, Results, Service Record ਮਿਤੀ 04.05.2026 ਤੋਂ 18.05.2026 ਤੱਕ epunjabschoolportal ਤੇ ਆਪਣੇ employee login Id ਤੇ login ਕਰਕੇ ਭਰਨ ਦਾ ਸਮਾਂ ਦਿੱਤਾ ਗਿਆ ਸੀ।

4.0 ਕੁਝ ਅਧਿਆਪਕਾਂ/ਕਰਮਚਾਰੀਆਂ ਵਲੋਂ ਦੱਸਿਆ ਗਿਆ ਹੈ ਕਿ ਤਕਨੀਕੀ ਕਾਰਨ ਕਰਕੇ ਪੋਰਟਲ ਤੇ ਬਦਲੀ ਲਈ ਅਪਲਾਈ ਕਰਨ ਵਿੱਚ ਦਿੱਕਤ ਪੇਸ਼ ਆ ਰਹੀ ਹੈ। ਇਸ ਲਈ ਉਹਨਾਂ ਵਲੋਂ ਵੇਰਵੇ ਭਰਨ ਦੀ ਅੰਤਿਮ ਮਿਤੀ ਵਿੱਚ ਵਾਧਾ ਕਰਨ ਦੀ ਮੰਗ ਕੀਤੀ ਹੈ।

5.0 **ਅਧਿਆਪਕਾਂ/ਕਰਮਚਾਰੀਆਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਵੇਰਵੇ ਜਿਵੇਂ ਕਿ General Details, Results, Service Record ਭਰਨ ਸਬੰਧੀ ਮਿਤੀ 19.05.2026 ਤੋਂ 22.05.2026 (ਸ਼ਾਮ 5:00 ਵਜੇ ਤੱਕ) ਤੱਕ ਵਾਧਾ ਕੀਤਾ ਜਾਂਦਾ ਹੈ। ਇਸ ਉਪਰੰਤ ਡਾਟਾ ਭਰਨ ਦੀ ਸਮਾਂ ਸੀਮਾ ਵਿੱਚ ਵਾਧਾ ਨਹੀਂ ਕੀਤਾ ਜਾਵੇਗਾ।**

6.0 ਜੇਕਰ ਕਿਸੇ ਅਧਿਆਪਕ/ ਕਰਮਚਾਰੀ ਨੂੰ ਬਦਲੀ ਲਈ ਅਪਲਾਈ ਕਰਨ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

Sd/-
19.5.26

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)